pstcl
PUNJAB STATE TRANSMISSION CORPORATION LIMITED

# ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ

(ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ)
Corporate Identity Number: U40109PB2010SGC033814
ਦਫ:ਉੱਪ ਮੁੱਖ ਇੰਜੀ:/ ਐੱਚ ਆਰ ਅਤੇ ਪ੍ਰਬੰਧਕੀ, ਸ਼ਕਤੀ ਸਦਨ ਪਟਿਆਲਾ
ਫੈਕਸ ਨੰ- 0175-2220054 ਟੈਲੀਫੋਨ ਨੰ:- 0175-2970693 ਵੈਬਸਾਇਟ : pstcl.org

ਵੱਲ

1. ਉੱਪ ਸਕੱਤਰ/ਅਮਲਾ, ਪੀ.ਐਸ.ਟੀ.ਸੀ.ਐਲ, ਪਟਿਆਲਾ।
2. ਉੱਪ ਮੁੱਖ ਇੰਜੀ:/ਆਈ.ਟੀ., ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 11565/566 /Sen./AM/IT/11 ਮਿਤੀ: 09/12/24

**ਵਿਸ਼ਾ:-** **ਪੀ.ਐਸ.ਟੀ.ਸੀ.ਐਲ ਵੱਲੋਂ ਭਰਤੀ ਸਹਾਇਕ ਮੈਨੇਜਰ/ਆਈ.ਟੀ. ਦੀ ਮਿਤੀ 21.06.2017 ਤੋਂ 31.10.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕਰਨ ਸਬੰਧੀ ।**

ਸਹਾਇਕ ਮੈਨੇਜਰ/ਆਈ.ਟੀ. ਦੀ ਮਿਤੀ 21.06.2017 ਤੋਂ 31.10.2024 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕੀਤੀ ਗਈ ਹੈ। ਇਹ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਸਹਾਇਕ ਮੈਨੇਜਰ/ਆਈ.ਟੀ. ਅਧਿਕਾਰੀਆਂ ਦੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਕੇ ਜੇਕਰ ਕਿਸੇ ਅਧਿਕਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ ਅਤੇ ਵੇਰਵੇ ਉਹਨਾਂ ਦੀਆਂ ਸੇਵਾ ਪੱਤਰੀਆਂ ਤੋ ਜਾਂਚ ਲਏ ਜਾਣ।

ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਾਰੇ ਸਬੰਧਤ ਅਧਿਕਾਰੀਆਂ ਤੋਂ ਨੋਟ ਕਰਵਾ ਲਈ ਜਾਵੇ।ਜੇਕਰ ਕੋਈ ਅਧਿਕਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਸਹੀ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਸਬੰਧਤ ਅਧਿਕਾਰੀ ਦਾ ਨਾਮ ਇਸ ਸੀਨੀਆਰਤਾ ਸੂਚੀ ਵਿੱਚ ਦਰਜ ਹੋਣ ਤੋ ਰਹਿ ਗਿਆ ਹੋਵੇ ਜਾਂ ਕਿਸੇ ਅਧਿਕਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ ਇੱਕ ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਖੇਚਲ ਕਰੇ। ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਮਿੱਥੇ ਸਮੇਂ ਤੋ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਭੀ ਪ੍ਰਤੀ ਬੇਨਤੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਤਬਦੀਲੀ ਨਾਂ ਹੋਣ ਦੀ ਸੂਰਤ ਵਿੱਚ ਇਹ ਸੀਨੀਆਰਤਾ ਸੂਚੀ ਖੁਦ-ਬ-ਖੁਦ ਪੂਰਨ ਅਤੇ ਸਹੀ ਸਮਝੀ ਜਾਵੇਗੀ ।

ਇਥੇ ਇਹ ਵੀ ਵਰਨਣ ਯੋਗ ਹੈ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ:-

(1) ਇਸ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ, ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਅਧਿਕਾਰੀ ਨੂੰ ਡੀਮ ਤਰੱਕੀ/ਜੂਨੀਅਰ ਅਧਿਕਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਅਧਿਕਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ਜੀ।

ਨੱਥੀ/ਸਹਾਇਕ ਮੈਨੇਜਰ/ਆਈ.ਟੀ. ਦੀ
ਟੈਨਟੇਟਿਵ ਸੀਨੀਆਰਤਾ ਸੂਚੀ।

ਵਧੀਕ ਨਿਗਰਾਨ ਇੰਜ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

## ਸਹਾਇਕ ਮੈਨੇਜਰ/ਆਈ.ਟੀ. ਅਧਿਕਾਰੀਆਂ ਦੀ ਟੈਨਟੇਟਿਵ ਸੀਨੀਆਰਤਾ ਸੂਚੀ
## (ਸਮਾਂ ਮਿਤੀ 21.06.2017 ਤੋਂ 31.10.2024 ਤੱਕ)

| ਲੜੀ ਨੰ: | ਅਧਿਕਾਰੀ ਦਾ ਨਾਂ/ ਪਿਤਾ ਦਾ ਨਾਂ (ਸਰਵ.ਸ਼੍ਰੀ) | ਆਈ. ਡੀ ਨੰ: | ਸੀਨੀ: ਨੰ: | ਜਨਮ ਮਿਤੀ | PSTCL ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ | ਮੈਰਿਟ ਨੰ: | ਵਿਸ਼ੇਸ਼ ਕਥਨ |
|---|---|---|---|---|---|---|---|---|---|
| 1 | ਅਮਨਪ੍ਰੀਤ ਕੌਰ/ ਸੂਬਾ ਸਿੰਘ | 504007 | 6 | 29-08-91 | 31-10-23 | 31-10-23 | ਜਨਰਲ | 4 | |

ਵਧੀਕ ਨਿਗਰਾਨ ਇੰਜ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ